SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 22* Issue 51 | Tuesday, March 14, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਰਿਮੋਟ ਮੁਲਾਜ਼ਮਾਂ ਦੀ ਛਾਂਗੀ ਲਈ ਓਨਟਾਰੀਓ ਸਰਕਾਰ ਨੇ ਰੱਖੀ ਨਵੇਂ ਨਿਯਮ ਦੀ ਤਜਵੀਜ਼

ਓਨਟਾਰੀਓ, 13 ਮਾਰਚ (ਪੋਸਟ ਬਿਊਰੋ) : ਓਨਟਾਰੀਓ ਸਰਕਾਰ ਵੱਲੋਂ ਇੰਪਲੌਇਮੈਂਟ ਲਾਅਜ਼ ਨੂੰ ਅਪਡੇਟ ਕਰਨ ਦੀ ਤਜਵੀਜ਼ ਪੇਸ਼ ਕੀਤੀ ਗਈ ਹੈ। ਇਸ ਨਾਲ ਛਾਂਗੀ ਸਮੇਂ ਰਿਮੋਟ ਇੰਪਲੌਈਜ਼ ਨੂੰ ਕੁੱਝ ਰਾਹਤ ਹਾਸਲ ਹੋਵੇਗੀ। ਜੇ ਇਹ ਬਿੱਲ ਪਾਸ ਹੋ ਜਾਂਦਾ ਹੈ ਤਾਂ ਕਿਸੇ ਵੀ ਕੰਪਨੀ ਜਾਂ ਏਜੰਸੀ ਨੂੰ ਆਪਣੇ ਦੂਰ ਦਰਾਜ਼ ਤੋਂ ਕੰਮ ਕਰਨ ਵਾਲੇ ਮੁਲਾਜ਼ਮਾਂ ਦੀ ਛਾਂਗੀ ਕਰਦੇ ਸਮੇਂ ਉਨ੍ਹਾਂ ਨੂੰ ਵੀ ਨੋਟਿਸ ਜਾਰੀ ਕਰਨਾ ਹੋਵੇਗਾ।



ਇਨ੍ਹਾਂ ਪ੍ਰਸਤਾਵਿਤ ਤਬਦੀਲੀਆਂ ਦਾ ਐਲਾਨ ਸੋਮਵਾਰ ਨੂੰ ਕੀਤਾ ਗਿਆ। ਇਸ ਪ੍ਰਸਤਾਵ ਤਹਿਤ ਰਿਮੋਟ ਵਰਕਰਜ਼ ਨੂੰ ਵੀ ਨੌਕਰੀ ਤੋਂ ਕੱਢਣ ਸਮੇਂ ਕੰਪਨੀ ਨੂੰ ਘੱਟੋ ਘੱਟ ਅੱਠ ਹਫਤਿਆਂ ਦਾ ਨੋਟਿਸ ਦੇਣਾ ਹੋਵੇਗਾ ਜਾਂ ਇੱਕਮੁਸ਼ਤ ਤਨਖਾਹ ਵਾਲਾ ਨਿਯਮ ਅਮਲ ਵਿੱਚ ਲਿਆਉਣਾ ਹੋਵੇਗਾ। ਕੰਪਨੀਆਂ ਵੱਲੋਂ ਵੱਡੀ ਪੱਧਰ ਉੱਤੇ ਕੀਤੀਆਂ ਜਾਣ ਵਾਲੀਆਂ ਛਾਂਗੀਆਂ ਸਮੇਂ ਆਪਣੇ ਆਫਿਸ ਵਿੱਚ ਕੰਮ ਕਰਦੇ ਮੁਲਾਜ਼ਮਾਂ ਨਾਲ ਇਹੋ ਨਿਯਮ ਅਪਣਾਇਆ ਜਾਂਦਾ ਹੈ।

ਸੋਮਵਾਰ ਨੂੰ ਇਸ ਪ੍ਰਸਤਾਵ ਨੂੰ ਪੇਸ਼ ਕਰਦਿਆਂ ਓਨਟਾਰੀਓ ਦੇ ਲੇਬਰ ਮੰਤਰੀ ਮੌਂਟੀ ਮੈਕਨੌਟਨ ਨੇ ਇੱਕ ਬਿਆਨ ਵਿੱਚ ਆਖਿਆ ਕਿ ਭਾਵੇਂ ਕੋਈ ਮੁਲਾਜ਼ਮ ਰੋਜ਼ਾਨਾਂ ਕੰਮ ਵਾਲੀ ਥਾਂ ਉੱਤੇ ਜਾ ਕੇ ਕੰਮ ਕਰਦਾ ਹੈ ਤੇ ਭਾਵੇਂ ਦੂਰ ਦਰਾਜ ਤੋਂ ਕਿਸੇ ਕੰਪਨੀ ਲਈ ਕੰਮ ਕਰ ਰਿਹਾ ਹੈ, ਕੋਈ ਵੀ ਬਿਲੀਅਨ ਡਾਲਰ ਕੰਪਨੀ ਆਪਣੇ ਰਿਮੋਟ ਮੁਲਾਜ਼ਮਾਂ ਨਾਲ ਸੈਕਿੰਡ ਕਲਾਸ ਵਜੋਂ ਵਿਵਹਾਰ ਨਹੀਂ ਕਰ ਸਕਦੀ।

ਇਸ ਸਮੇਂ ਓਨਟਾਰੀਓ ਦੇ ਇੰਪਲੌਇਮੈਂਟ ਸਟੈਂਡਰਡ ਐਕਟ (ਈਐਸਏ) ਤਹਿਤ 50 ਜਾਂ ਇਸ ਤੋਂ ਵੱਧ ਮੁਲਾਜ਼ਮਾਂ ਦੀ ਜੇ ਕਿਸੇ ਕੰਪਨੀ ਵੱਲੋਂ ਚਾਰ ਹਫਤਿਆਂ ਦੇ ਅਰਸੇ ਦੌਰਾਨ ਛਾਂਗੀ ਕੀਤੀ ਜਾਂਦੀ ਹੈ ਤਾਂ ਕੰਪਨੀ ਨੂੰ ਅਜਿਹਾ ਕਰਨ ਲਈ ਅਜਿਹੇ ਮੁਲਾਜ਼ਮਾਂ ਨੂੰ ਅੱਠ, 12 ਜਾਂ 16 ਹਫਤਿਆਂ ਦਾ ਨੋਟਿਸ ਦੇਣਾ ਪੈਂਦਾ ਹੈ।

ਇੱਥੇ ਦੱਸਣਾ ਬਣਦਾ ਹੈ ਕਿ ਜਦੋਂ ਵੱਡੇ ਪੱਧਰ ਉੱਤੇ ਕਿਸੇ ਕੰਪਨੀ ਵੱਲੋਂ ਛਾਂਗੀਆਂ ਕੀਤੀਆਂ ਜਾਂਦੀਆਂ ਹਨ ਤਾਂ ਰਿਮੋਟ ਵਰਕਰਜ਼ ਦੀ ਹਿਫਾਜ਼ਤ ਨਹੀਂ ਕੀਤੀ ਜਾਂਦੀ ਕਿਉਂਕਿ ਓਨਟਾਰੀਓ ਦੇ ਮੌਜੂਦਾ ਲੇਬਰ ਲਾਅਜ਼ ਤਹਿਤ ਅਜਿਹਾ ਕੋਈ ਪ੍ਰਬੰਧ ਹੀ ਨਹੀਂ ਹੈ। ਜੇ ਇਹ ਨਵਾਂ ਬਿੱਲ ਪਾਸ ਹੋ ਜਾਂਦਾ ਹੈ ਤਾਂ ਰਿਮੋਟ ਵਰਕਰਜ਼ ਨੂੰ ਵੀ ਇਨ-ਆਫਿਸ ਵਰਕਰਜ਼ ਵਰਗੀ ਹਿਫਾਜ਼ਤ ਮਿਲੇਗੀ।

## ਵੋਕਸਵੈਗਨ ਓਨਟਾਰੀਓ ਵਿੱਚ ਲਾਵੇਗੀ ਆਪਣਾ ਈਵੀ ਬੈਟਰੀ ਪਲਾਂਟ

ਟੋਰਾਂਟੋ, 13 ਮਾਰਚ (ਪੋਸਟ ਬਿਊਰੋ) : ਵੋਕਸਵੈਗਨ ਵੱਲੋਂ ਦੱਖਣਪੱਛਮੀ ਓਨਟਾਰੀਓ ਵਿੱਚ ਇਲੈਕਟ੍ਰਿਕ ਵ੍ਹੀਕਲ ਬੈਟਰੀ ਪਲਾਂਟ ਦਾ ਨਿਰਮਾਣ ਕੀਤਾ ਜਾ ਰਿਹਾ ਹੈ। ਇਹ ਐਲਾਨ ਸੋਮਵਾਰ ਨੂੰ ਇਸ ਕਾਰ ਨਿਰਮਾਤਾ ਕੰਪਨੀ ਵੱਲੋਂ ਕੀਤਾ ਗਿਆ।

ਯੂਰਪੀਅਨ ਕਾਰ ਨਿਰਮਾਤਾ ਕੰਪਨੀ ਨੇ ਐਲਾਨ ਕੀਤਾ ਕਿ ਵੋਕਸਵੈਗਨ ਗਰੁੱਪ ਤੇ ਇਸ ਦੀ ਬੈਟਰੀ ਕੰਪਨੀ ਪਾਵਰਕੋ ਆਪਣੀ ਪਹਿਲੀ ਓਵਰਸੀਜ਼ ਗੀਗਾਫੈਕਟਰੀ ਸੇਂਟ ਥਾਮਸ, ਓਨਟਾਰੀਓ ਵਿੱਚ ਲਾਵੇਗੀ। ਇੱਥੇ ਕੰਪਨੀ ਵੱਲੋਂ ਬੈਟਰੀ ਸੈੱਲ ਦਾ ਨਿਰਮਾਣ ਕੀਤਾ ਜਾਵੇਗਾ। ਕੰਪਨੀ ਵੱਲੋਂ 2027 ਲਈ ਇੱਥੇ ਉਤਪਾਦਨ ਦਾ ਟੀਚਾ ਮਿਥਿਆ ਗਿਆ ਹੈ। ਕੰਪਨੀ ਨੇ ਆਖਿਆ ਕਿ ਕੈਨੇਡਾ ਉਨ੍ਹਾਂ ਨੂੰ ਸਾਜ਼ਗਾਰ ਹਾਲਾਤ ਮੁਹੱਈਆ ਕਰਵਾ ਰਿਹਾ ਹੈ, ਜਿਸ ਵਿੱਚ ਕੱਚੇ ਮਾਲ ਦੀ ਲੋਕਲ ਸਪਲਾਈ ਦੇ ਨਾਲ ਨਾਲ ਕਲੀਨ ਇਲੈਕਟ੍ਰਿਸਿਟੀ ਤੱਕ ਪਹੁੰਚ ਵੀ ਸ਼ਾਮਲ ਹੈ।



ਇੱਕ ਬਿਆਨ ਵਿੱਚ ਪਾਵਰਕੋ ਐਸਈ ਦੇ ਸੁਪਰਵਾਈਜ਼ਰੀ ਬੋਰਡ ਦੇ ਚੇਅਰਮੈਨ ਥਾਮਸ ਸਮਾਲ ਨੇ ਆਖਿਆ ਕਿ ਸਾਡੇ ਬੈਟਰੀ ਬਿਜ਼ਨਸ ਤੇ ਗ੍ਰੀਨ ਇਕੌਨਮੀ ਜੌਬਜ਼ ਲਈ ਕੈਨੇਡਾ ਤੇ ਓਨਟਾਰੀਓ ਇੱਕਦਮ ਸਹੀ ਭਾਈਵਾਲ ਹਨ। ਸਥਿਰਤਾ, ਜ਼ਿੰਮੇਵਾਰੀ ਤੇ ਸਹਿਯੋਗ ਸਬੰਧੀ ਸਾਡੀਆਂ ਕਦਰਾਂ ਕੀਮਤਾਂ ਸਾਂਝੀਆਂ ਹਨ। ਉਨ੍ਹਾਂ ਆਖਿਆ ਕਿ ਅਸੀਂ ਸੇਂਟ ਥਾਮਸ ਤੇ ਓਨਟਾਰੀਓ ਦੇ ਲੋਕਾਂ ਲਈ ਭਰੋਸੇਯੋਗ ਭਾਈਵਾਲ ਤੇ ਚੰਗੇ ਗੁਆਂਢੀ ਸਾਬਤ ਹੋਵਾਂਗੇ।

ਇਸ ਦੌਰਾਨ ਓਨਟਾਰੀਓ ਦੇ ਇਕਨੌਮਿਕ ਡਿਵੈਲਪਮੈਂਟ ਮੰਤਰੀ ਵਿੱਕ ਫੈਡੇਲੀ ਨੇ ਆਖਿਆ ਕਿ ਕੈਨੇਡਾ ਨੇ ਇਲੈਕਟ੍ਰਿਕ ਵ੍ਹੀਕਲ ਦੇ ਉਤਪਾਦਨ ਦੇ ਖੇਤਰ ਤੋਂ ਬੈਟਰੀ ਸਪਲਾਈ ਚੇਨ ਵਿੱਚ ਆਲ੍ਹਾ ਦਰਜੇ ਦਾ ਖਿਡਾਰੀ ਬਣਨ ਤੱਕ ਦਾ ਸਫਰ ਬੜੀ ਹੀ ਤੇਜ਼ੀ ਤੇ ਸਫਲਤਾਪੂਰਬਕ ਪੂਰਾ ਕੀਤਾ ਹੈ। ਜ਼ਿਕਰਯੋਗ ਹੈ ਕਿ ਇਹ ਓਨਟਾਰੀਓ ਵਿੱਚ ਲੱਗਣ ਜਾ ਰਹੀ ਦੂਜੀ ਇਲੈਕਟ੍ਰਿਕ ਵ੍ਹੀਕਲ ਬੈਟਰੀ ਫੈਕਟਰੀ ਹੋਵੇਗੀ। ਪਿਛਲੇ ਸਾਲ ਆਟੋ ਨਿਰਮਾਤਾ ਸਟੈਲੈਂਟਿਸ ਤੇ ਦੱਖਣੀ ਕੋਰੀਆ ਦੀ ਬੈਟਰੀ ਨਿਰਮਾਤਾ ਐਲਜੀ ਐਨਰਜੀ ਸੌਲਿਊਸ਼ਨਜ਼ ਵੱਲੋਂ 5 ਬਿਲੀਅਨ ਡਾਲਰ ਦੀ ਲਾਗਤ ਨਾਲ ਵਿੰਡਸਰ, ਓਨਟਾਰੀਓ ਵਿੱਚ ਇੱਕ ਫੈਸਿਲਿਟੀ ਤਿਆਰ ਕੀਤੀ ਜਾ ਰਹੀ ਹੈ। ਫੈਡੇਲੀ ਨੇ ਆਖਿਆ ਕਿ ਇਸ ਨਾਲ ਰੋਜ਼ਗਾਰ ਦੇ ਨਵੇਂ ਰਾਹ ਵੀ ਖੁੱਲ੍ਹਣਗੇ।

## ਦੋ ਗੱਡੀਆਂ ਦੀ ਆਹਮੋ ਸਾਹਮਣੀ ਟੱਕਰ ਵਿੱਚ ਇੱਕ ਜ਼ਖ਼ਮੀ

ਓਨਟਾਰੀਓ, 13 ਮਾਰਚ (ਪੋਸਟ ਬਿਊਰੋ) : ਨੌਰਥ ਯੌਰਕ ਵਿੱਚ ਦੋ ਗੱਡੀਆਂ ਦਰਮਿਆਨ ਹੋਈ ਆਹਮੋ ਸਾਹਮਣੀ ਟੱਕਰ ਵਿੱਚ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ ਤੇ ਉਸ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ।

ਇਹ ਘਟਨਾ ਐਤਵਾਰ ਨੂੰ ਸਵੇਰੇ 11:15 ਵਜੇ ਕੀਲ ਸਟਰੀਟ ਤੇ ਲਾਅਰੈਂਸ ਐਵਨਿਊ ਵੈਸਟ ਇਲਾਕੇ ਵਿੱਚ ਵਾਪਰੀ। ਪੈਰਾਮੈਡਿਕਸ ਵੱਲੋਂ ਪੰਜ ਹੋਰਨਾਂ ਵਿਅਕਤੀਆਂ ਦੀ ਵੀ ਮੌਕੇ ਉੱਤੇ ਜਾਂਚ ਕੀਤੀ ਗਈ। ਜਾਂਚ ਲਈ ਸੜਕਾਂ ਨੂੰ ਬੰਦ ਕਰ ਦਿੱਤਾ ਗਿਆ ਸੀ ਪਰ ਕੁੱਝ ਸਮੇਂ ਬਾਅਦ ਉਨ੍ਹਾਂ ਨੂੰ ਖੋਲ੍ਹ ਦਿੱਤਾ ਗਿਆ।

NOW HIRING !!!
ALLKIND INSURANCE
•Life Insurance •Critical illness Ins •Travel & Visitor Ins •RESP & TFSA & RRSP
•Super Visa Insurance •Mortgage Insurance •Disability Insurance •Funeral Insurance
SIMRAN SAINI 416.994.7272
www.allkindinsurance.com

ਨੈਨੀ ਦੀ ਲੋੜ
ਬਰੈਂਪਟਨ ਵਿਚ ਘਰ ਦਾ ਕੰਮ ਕਰਨ ਲਈ ਨੈਨੀ ਦੀ ਲੋੜ ਹੈ। ਸੰਪਰਕ ਕਰੋ:
416-556-6884

INSURANCE
Home, Auto, Business, Trucking, Life Insurance, Commercial
647-206-2452 Sukhwinder K Singh
CONNEX 7050A Bramalea Rd, Unit # 13, Mississauga, ON L5S 1T1

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL Insurance Advisor 416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LEPAGE Flower City Realty Off: 905.230.3100

ਰੈਸਟੋਰੈਂਟ ਪੈਟਿਓ ਫੂਡ ਕਾਊਂਟਰ
ਗਰਮੀਆਂ ਵਿੱਚ ਪਰਾਫਿਟ ਲਈ ਸੁਨਹਿਰਾ ਮੌਕਾ
$10,000 per month Profit
Free Training, Equipement, Place and Utilities
1 ਮਈ ਤੋਂ 31 ਅਕਤੂਬਰ ਤੱਕ ਕਾਂਟਰੈਕਟ ਜਾਂ ਲੀਜ਼ ਕਰੋ:
Call Kumar: 437-925-4585
Email: startup2023abusiness@gmail.com

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc. Residential, Commercial www.ksgpestcontrol.ca ksgpestcontrol@gmail.com
Amarjeet Singh Gill

OURR HOME & APPLIANCES
SPRING DEALS ON LUXURY APPLIANCES
DEALS
Early Spring Deals $1699* $199 $2999* $299 $4699* $2999*
Authorized Dealer for ALL MAJOR BRANDS
HURRY NOW
KitchenAid Maytag LG Electrolux Jenn-Air GE Amana Bosch Whirlpool Samsung Frigidaire Capital
416-551-5553 WWW.OURRHOMEAPPLIANCES.COM

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axxel InsuranceBrokers Ltd. 1332 Khalsa Dr, Unit # 11, Mississauga, ON L5S 0A2

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6 Brampton, ON, L6P 3W4
Open Saturday
Providing excellent quality legal services to our clients

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
JATINDERBIR S BAJWA Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration, Real Estate, Family Law, Business Closing, Corporate, Wills & Estate, Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley 905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
BED BUG MATTRESS COVER ALSO AVAILABLE
Cell: 647.668.3944 | Office: 905.455.0648

Royal Pest Control
Residential Commercial Industrial
Specialist in Bedbugs Service
All Pest Control :
Mouse & Rats, Spiders & Fleas, Bedbugs, Wasps, Cockroaches, Carpenter Ants, Silver Fish, Racoons
Call : PARESH PATEL
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਕਰਜ਼ੇ ਦੀ ਸਿਰਦਰਦੀ ?
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
Late Evening and Weekends Appointments Available
1888 864 3131
Jasbir Singh Hundal
416-502-3100
Unit #20 - 7015 Tranmere Drive Mississauga, ON L5S 1T7
www.MakeMeDebtFree.ca

CN Forklift Training Center
License $69 Toll Free: 1 855 230 0001
7033 Telford Way, Unit #4, Mississauga, ON L5S 1V4
Cell: 416 726 6206 Tel: 905 405 0001
NC Dhawan Certified Instructor

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ, ਉਰਦੂ, ਅੰਗਰੇਜ਼ੀ ਭਾਸ਼ਾਵਾਂ ਦੇ ਵਿੱਚ ਟ੍ਰੇਨਿੰਗ
ਫਰੀ ਪਿਕਅਪ
647-998-7500 ਬਲਵਿੰਦਰ

Mortgage! We Will Beat Any Rate !!!
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law, Business Law, Wills & Estates, Family Law, Power of Attorney, Civil Litigation, Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
T: 905 799 9333
2130 North Park Dr. Suite 246 Brampton, ON L6S 0C9 www.mannlawfirm.ca

# ਡੇਅਲਾਈਟ ਸੇਵਿੰਗ ਸਮੇਂ ਵਿੱਚ ਵਾਰੀ ਵਾਰੀ ਹੋਣ ਵਾਲੀਆਂ ਤਬਦੀਲੀਆਂ ਸਿਹਤ ਉੱਤੇ ਪਾ ਸਕਦੀਆਂ ਹਨ ਮਾੜਾ ਅਸਰ : ਡਾਕਟਰ

ਓਨਟਾਰੀਓ, 13 ਮਾਰਚ (ਪੋਸਟ ਬਿਊਰੋ) : ਇੱਕ ਵਾਰੀ ਫਿਰ ਓਨਟਾਰੀਓ ਵਾਸੀਆਂ ਨੂੰ ਆਪਣੀਆਂ ਘੜੀਆਂ ਹਰ ਸਾਲ ਦੀ ਤਰ੍ਹਾਂ ਇਸ ਵਾਰੀ ਵੀ ਇੱਕ ਘੰਟੇ ਲਈ ਅੱਗੇ ਕਰਨੀਆਂ ਪੈਣਗੀਆਂ। ਅਜਿਹਾ ਇਸ ਲਈ ਕਰਨਾ ਹੋਵੇਗਾ ਕਿਉਂਕਿ ਐਤਵਾਰ ਸਵੇਰ ਤੋਂ ਇੱਕ ਵਾਰੀ ਫਿਰ ਡੇਅਲਾਈਟ ਸੇਵਿੰਗ ਟਾਈਮ ਸ਼ੁਰੂ ਹੋ ਗਿਆ ਹੈ।

ਅਮਰੀਕਾ ਵਿਚਲੇ ਡਾਕਟਰਾਂ ਵੱਲੋਂ ਹਰ ਸਾਲ ਸਮੇਂ ਨੂੰ ਬਦਲਣ ਦੀ ਇਸ ਕਵਾਇਦ ਬਾਰੇ ਚਰਚਾ ਕੀਤੀ ਜਾ ਰਹੀ ਹੈ। ਡਾਕਟਰਾਂ ਦਾ ਕਹਿਣਾ ਹੈ ਕਿ ਕੈਨੇਡਾ ਵਿੱਚ ਡੇਅ ਲਾਈਟ ਸੇਵਿੰਗ ਟਾਈਮ 12 ਮਾਰਚ, 2023 ਤੋਂ ਸ਼ੁਰੂ ਹੋਵੇਗਾ ਤੇ 5 ਨਵੰਬਰ, 2023 ਨੂੰ ਮੁੱਕੇਗਾ। ਡਾਕਟਰਾਂ ਦਾ ਇਹ ਵੀ ਆਖਣਾ ਹੈ ਕਿ ਡੇਲਾਈਟ ਸੇਵਿੰਗ ਟਾਈਮ ਕਾਰਨ ਹਾਰਟ ਅਟੈਕ ਹੋਣ ਦੀਆਂ ਜਾਂ ਦਿਲ ਦੀਆਂ ਹੋਰ ਬਿਮਾਰੀਆਂ ਹੋਣ ਦੀਆਂ ਸੰਭਾਵਨਾਵਾਂ ਵੱਧ ਜਾਂਦੀਆਂ ਹਨ।

ਸਲੀਪ ਸਪੈਸ਼ਲਿਸਟਸ ਤੇ ਸਿਹਤ



ਮਾਹਿਰਾਂ ਦਾ ਕਹਿਣਾ ਹੈ ਕਿ ਡੇਅਲਾਈਟ ਸੇਵਿੰਗ ਸਮੇਂ ਵਿੱਚ ਵਾਧੇ ਨਾਲ ਲਾਈਟ ਵਿੱਚ ਵੀ ਇਜਾਫਾ ਹੁੰਦਾ ਹੈ ਤੇ ਇਸ ਨਾਲ ਲੋਕਾਂ ਨੂੰ ਸੌਣ ਵਿੱਚ ਦਿੱਕਤ ਹੁੰਦੀ ਹੈ ਤੇ ਇਸ ਨਾਲ ਕਈ ਹੋਰ ਮੁੱਦੇ ਵੀ ਜੁੜ ਜਾਂਦੇ ਹਨ। ਦ ਅਮੈਰੀਕਨ ਅਕੈਡਮੀ ਫੌਰ ਸਲੀਪ ਮੈਡੀਸਿਨ (ਏਏਐਸਐਮ) ਵੱਲੋਂ ਸਾਲ ਵਿੱਚ ਦੋ ਵਾਰੀ ਹੋਣ ਵਾਲੀ ਇਸ ਕਵਾਇਦ ਦੇ ਮੁੱਦੇ ਨੂੰ ਛੋਹਿਆ ਗਿਆ। ਅਕੈਡਮੀ ਨੇ ਆਖਿਆ ਕਿ ਇਸ ਨਾਲ ਦਿਲ ਨਾਲ ਜੁੜੀਆਂ ਦਿੱਕਤਾਂ ਵਿੱਚ ਵਾਧਾ ਹੋਣ ਦੇ ਨਾਲ ਨਾਲ ਮੂਡ ਸਬੰਧੀ ਡਿਸਆਰਡਰ ਹੋ ਜਾਂਦੇ ਹਨ ਤੇ ਹਾਦਸੇ ਵੀ ਵੱਧ ਜਾਂਦੇ ਹਨ।

ਪਿੱਛੇ ਜਿਹੇ ਆਸਮ (ਓਓੌਂ) ਤੇ ਅਮੈਰੀਕਨ ਮੈਡੀਕਲ ਐਸੋਸਿਏਸ਼ਨ ਨੇ ਆਖਿਆ ਸੀ ਕਿ ਸਟੈਂਡਰਡ ਟਾਈਮ ਉੱਤੇ ਟਿਕੇ ਰਹਿਣਾ ਹੀ ਸੱਭ ਦੇ ਹਿੱਤ ਵਿੱਚ ਹੈ। ਜ਼ਿਕਰਯੋਗ ਹੈ ਕਿ ਓਨਟਾਰੀਓ ਵਿੱਚ 2020 ਵਿੱਚ ਇੱਕ ਬਿੱਲ ਪਾਸ ਕੀਤਾ ਗਿਆ ਸੀ ਕਿ ਹਮੇਸ਼ਾਂ ਲਈ ਡੇਅਲਾਈਟ ਸੇਵਿੰਗ ਟਾਈਮ ਉੱਤੇ ਟਿਕੇ ਰਹਿਣਾ ਚਾਹੀਦਾ ਹੈ ਪਰ ਇਸ ਉੱਤੇ ਕੋਈ ਆਮ ਰਾਇ ਨਹੀਂ ਬਣ ਸਕੀ। ਪਿਛਲੇ ਸਾਲ ਅਮਰੀਕਾ ਦੀ ਸੈਨੇਟ ਵੱਲੋਂ ਸਰਬਸੰਮਤੀ ਨਾਲ ਡੇਅਲਾਈਟ ਸੇਵਿੰਗ ਟਾਈਮ ਨੂੰ ਸਥਾਈ ਤੌਰ ਉੱਤੇ ਅਪਨਾਉਣ ਦੇ ਪੱਖ ਵਿੱਚ ਵੋਟ ਪਾਇਆ ਗਿਆ ਸੀ ਪਰ ਹਾਊਸ ਆਫ ਰਿਪ੍ਰਜ਼ੈਂਟੇਟਿਵਜ਼ ਵਿੱਚ ਇਹ ਬਿੱਲ ਪਾਸ ਹੀ ਨਹੀਂ ਹੋਇਆ। ਪਿਛਲੇ ਹਫਤੇ ਇੱਕ ਵਾਰੀ ਮੁੜ ਸੈਨੇਟਰਜ਼ ਵੱਲੋਂ ਇਹ ਬਿੱਲ ਪੇਸ਼ ਕੀਤਾ ਗਿਆ ਹੈ। ਜੇ ਇਹ ਬਿੱਲ ਸੈਨੇਟ ਤੇ ਹਾਊਸ ਦੋਵਾਂ ਵਿੱਚ ਪਾਸ ਹੋ ਜਾਂਦਾ ਹੈ ਤਾਂ ਇਸ ਵੀਕੈਂਡ ਉੱਤੇ ਬਦਲਣ ਵਾਲਾ ਸਮਾਂ ਅਮਰੀਕਾ ਵਿੱਚ ਆਖਰੀ ਵਾਰੀ ਬਦਲਿਆ ਗਿਆ ਸਮਾਂ ਹੋਵੇਗਾ। ਇਸ ਤੋਂ ਬਾਅਦ ਕੈਨੇਡੀਅਨ ਪ੍ਰੋਵਿੰਸ ਵੀ ਇਸ ਤਰ੍ਹਾਂ ਦਾ ਕਾਨੂੰਨ ਲਿਆ ਸਕਣਗੇ।

## ਅੱਜ ਨਾਮਾ

ਆਉਂਦਾ ਕਾਬੂ ਨਾ ਅਜੇ ਤੱਕ ਗੰਨ ਕਲਚਰ,
ਹੁੰਦੇ ਈ ਫਾਇਰ ਜਾਂ ਕੇਸ ਵੀ ਦਰਜ ਮੀਆਂ।
ਵਿਆਹ ਨੂੰ ਜਾਂਦੇ ਬੰਦੂਕਾਂ ਕਈ ਚੁੱਕ ਤੁਰਦੇ,
ਵਿੰਹਦੇ ਈ ਲੋਕ ਤਾਂ ਹੋਣ ਅਸਚਰਜ ਮੀਆਂ।
ਠਾਹ-ਠੂਹ ਕਰਨ ਦਾ ਜਿਨ੍ਹਾਂ ਨੂੰ ਸ਼ੌਕ ਖਾਸਾ,
ਸਕਦਾ ਕੋਈ ਨਹੀਂ ਉਨ੍ਹਾਂ ਨੂੰ ਵਰਜ ਮੀਆਂ।
ਪਾਉਂਦਾ ਅਸਰ ਨਾ ਕੋਈ ਇਲਾਜ ਕਰਿਆ,
ਵਧਦਾ ਹੋਰ ਵੀ ਜਾਂਦਾ ਪਿਆ ਮਰਜ਼ ਮੀਆਂ।
ਐਧਰ ਕੱਲ੍ਹ ਮਰਿਆ, ਔਧਰ ਅੱਜ ਮਰਿਆ,
ਮਰ ਜਾਊ ਭਲਕ ਨੂੰ ਕਿਸੇ ਥਾਂ ਹੋਰ ਮੀਆਂ।
ਖੌਰੂ ਪਾਉਂਦੇ ਜਿਉਂ ਚਾਂਭਲੇ ਫਿਰਨ ਸ਼ੋਹਦੇ,
ਖਿੱਚਦਾ ਕੋਈ ਨਹੀਂ ਉਨ੍ਹਾਂ ਦੀ ਡੋਰ ਮੀਆਂ।

**ਤੀਸ ਮਾਰ ਖਾਂ**

# ਟਰੱਕ ਤੋਂ ਟਾਇਰ ਲੱਥ ਕੇ ਕਾਰ ਨਾਲ ਟਕਰਾਇਆ, ਡਰਾਈਵਰ ਜ਼ਖ਼ਮੀ



ਓਨਟਾਰੀਓ, 13 ਮਾਰਚ (ਪੋਸਟ ਬਿਊਰੋ) : ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ ਦਾ ਕਹਿਣਾ ਹੈ ਕਿ ਸੋਮਵਾਰ ਸਵੇਰੇ 6:30 ਵਜੇ ਉੱਤਰ ਵੱਲ ਜਾ ਰਹੇ ਇੱਕ ਕਮਰਸ਼ੀਅਲ ਟਰੱਕ ਦਾ ਟਾਇਰ ਲੱਥ ਕੇ ਦੱਖਣ ਵਾਲੀਆਂ ਲੇਨਜ਼ ਵਿੱਚ ਚਲਾ ਗਿਆ ਤੇ ਇੱਕ ਗੱਡੀ ਨਾਲ ਟਕਰਾ ਗਿਆ। ਇਸ ਕਾਰਨ ਉਸ ਗੱਡੀ ਦਾ ਡਰਾਈਵਰ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਿਆ।

ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਇਹ ਟਾਇਰ ਦੱਖਣ ਵਾਲੀਆਂ ਲੇਨਜ਼ ਵਿੱਚ ਜਾ ਰਹੀ ਇੱਕ ਕਾਰ ਦੇ ਡਰਾਈਵਰ ਵਾਲੇ ਪਾਸੇ ਨਾਲ ਜਾ ਟਕਰਾਇਆ। ਇਸ ਨਾਲ ਕਾਰ ਦਾ ਡਰਾਈਵਰ ਜ਼ਖ਼ਮੀ ਹੋ ਗਿਆ ਤੇ ਉਸ ਨੂੰ ਹਸਪਤਾਲ ਲਿਜਾਇਆ ਗਿਆ। ਪਰ ਉਸ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਜਾਂਦੀ ਹੈ।

ਓਪੀਪੀ ਸਾਰਜੈਂਟ ਕੈਰੀ ਸ਼ਮਿਡਟ ਨੇ ਦੱਸਿਆ ਕਿ ਇਸ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਇਸ ਮਾਮਲੇ ਵਿੱਚ ਚਾਰਜਿਜ਼ ਅਜੇ ਪੈਂਡਿੰਗ ਪਏ ਹਨ ਕਿਉਂਕਿ ਪੁਲਿਸ ਅਜੇ ਇਹ ਤੈਅ ਨਹੀਂ ਕਰ ਪਾ ਰਹੀ ਕਿ ਇਸ ਤਰ੍ਹਾਂ ਦੇ ਮਾਮਲੇ ਵਿੱਚ ਕਿਹੋ ਜਿਹੇ ਚਾਰਜਿਜ਼ ਲਾਏ ਜਾਣੇ ਚਾਹੀਦੇ ਹਨ।

# ਰਾਹਗੀਰਾਂ ਉੱਤੇ ਗੱਡੀ ਚੜ੍ਹੀ, 2 ਹਲਾਕ, 9 ਜ਼ਖ਼ਮੀ



ਕਿਊਬਿਕ, 13 ਮਾਰਚ (ਪੋਸਟ ਬਿਊਰੋ) : ਕਿਊਬਿਕ ਵਿੱਚ ਲੋਅਰ ਸੇਂਟ ਲਾਅਰੈਂਸ ਰੀਜਨ ਵਿੱਚ ਸੋਮਵਾਰ ਨੂੰ ਡਾਊਨਟਾਊਨ ਆਮਕੀ ਵਿੱਚ ਕੁੱਝ ਰਾਹਗੀਰਾਂ ਉੱਤੇ ਗੱਡੀ ਚੜ੍ਹ ਜਾਣ ਕਾਰਨ ਦੋ ਵਿਅਕਤੀਆਂ ਦੀ ਮੌਤ ਹੋ ਗਈ ਜਦਕਿ ਨੌਂ ਹੋਰ ਜ਼ਖ਼ਮੀ ਹੋ ਗਏ।

38 ਸਾਲਾ ਡਰਾਈਵਰ ਇਸ ਇਲਾਕੇ ਦਾ ਹੀ ਰਹਿਣ ਵਾਲਾ ਦੱਸਿਆ ਜਾਂਦਾ ਹੈ ਤੇ ਹਾਦਸੇ ਤੋਂ ਬਾਅਦ ਉਸ ਨੇ ਕਿਊਬਿਕ ਪ੍ਰੋਵਿੰਸ਼ੀਅਲ ਪੁਲਿਸ (ਐਸਕਿਊ) ਕੋਲ ਆਤਮ ਸਮਰਪਣ ਕਰ ਦਿੱਤਾ। ਉਸ ਨੂੰ ਹਿੱਟ ਐਂਡ ਰੰਨ ਕਾਰਨ ਹੋਈਆਂ ਮੌਤਾਂ ਦੇ ਸਬੰਧ ਵਿੱਚ ਗ੍ਰਿਫਤਾਰ ਕਰ ਲਿਆ ਗਿਆ। ਚਸ਼ਮਦੀਦਾਂ ਨੇ ਦੱਸਿਆ ਕਿ ਇਸ ਹਾਦਸੇ ਦਾ ਸ਼ਿਕਾਰ ਹੋਏ ਲੋਕ 100 ਮੀਟਰ ਤੱਕ ਫੈਲੇ ਹੋਏ ਸਨ। ਇਹ ਘਟਨਾ ਦੁਪਹਿਰੇ 3:00 ਵਜੇ ਤੋਂ ਬਾਅਦ ਕਿਊਬਿਕ ਸਿਟੀ ਤੋਂ 350 ਕਿਲੋਮੀਟਰ ਨੌਰਥਈਸਟ ਵੱਲ ਸੇਂਟ ਬੈਨੌਇਟ ਬੁਲੇਵਾਰਡ ਉੱਤੇ ਵਾਪਰੀ।

ਐਸਕਿਊ ਦੇ ਤਰਜ਼ਮਾਨ ਸਾਰਜੈਂਟ ਹੈਲਨ ਸੇਂਟ-ਪਿਏਰ ਨੇ ਦੱਸਿਆ ਕਿ ਮਰਨ ਵਾਲੇ ਵਿਅਕਤੀ 60 ਤੇ 70 ਸਾਲ ਦੇ ਸਨ। ਇਹ ਵੀ ਪਤਾ ਲੱਗਿਆ ਹੈ ਕਿ ਐਮਕੀ ਦੇ ਹਸਪਤਾਲ ਵਿੱਚ ਦਾਖਲ ਜ਼ਖ਼ਮੀਆਂ ਵਿੱਚ ਬੱਚੇ ਵੀ ਹਨ। ਜ਼ਖ਼ਮੀ ਹੋਏ ਨੌਂ ਵਿਅਕਤੀਆਂ ਵਿੱਚੋਂ ਦੋ ਦੀ ਹਾਲਤ ਨਾਜ਼ੁਕ ਦੱਸੀ ਜਾਂਦੀ ਹੈ। ਬਾਕੀ ਸੱਤਾਂ ਦੀ ਜਾਂਚ ਚੱਲ ਰਹੀ ਹੈ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9


ShergGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਸਿਲੀਕਾਨ ਵੈਲੀ ਬੈਂਕ ਦੇ ਦੀਵਾਲੀਆ ਹੋਣ ਲਈ ਅਮਰੀਕੀ ਟੈਕਸਦਾਤਾ ਨਹੀਂ ਹੋਣਗੇ ਜ਼ਿੰਮੇਵਾਰ : ਬਾਈਡਨ



ਵਾਸ਼ਿੰਗਟਨ, 13 ਮਾਰਚ (ਪੋਸਟ ਬਿਊਰੋ): ਅਮਰੀਕਾ ਦੇ ਵੱਡੇ ਬੈਂਕ ਸਿਲੀਕਾਨ ਵੈਲੀ ਬੈਂਕ (ਐਸਵੀਬੀ) ਦੇ ਦੀਵਾਲੀਏਪਣ ਨੂੰ ਲੈ ਕੇ ਅਮਰੀਕੀ ਰਾਸ਼ਟਰਪਤੀ ਜੋ ਬਾਈਡਨ ਨੇ ਵੱਡਾ ਬਿਆਨ ਦਿੱਤਾ ਹੈ। ਉਨ੍ਹਾਂ ਨੇ ਐਤਵਾਰ ਨੂੰ ਕਿਹਾ ਕਿ ਅਸਫਲ ਬੈਂਕ ਦੇ ਕਾਰਨ ਹੋਏ ਨੁਕਸਾਨ ਲਈ ਅਮਰੀਕੀ ਟੈਕਸਦਾਤਾ ਜ਼ਿੰਮੇਵਾਰ ਨਹੀਂ ਹੋਣਗੇ। ਇਸ ਤੋਂ ਪਹਿਲਾਂ ਅਮਰੀਕੀ ਪ੍ਰਸ਼ਾਸਨ ਨੇ ਵੱਡਾ ਐਲਾਨ ਕੀਤਾ ਹੈ। ਦੀਵਾਲੀਆ ਬੈਂਕ ਵਿੱਚ ਜਮ੍ਹਾਂਕਰਤਾਵਾਂ ਨੂੰ ਬਚਾਉਣ ਲਈ ਅਮਰੀਕੀ ਟੈਕਸਦਾਤਾ 'ਤੇ ਕੋਈ ਕੈਪ ਨਹੀਂ ਹੋਵੇਗੀ।

ਰਾਸ਼ਟਰਪਤੀ ਜੋਅ ਬਾਈਡਨ ਨੇ ਸੋਮਵਾਰ ਨੂੰ ਅਮਰੀਕੀਆਂ ਨੂੰ ਦੱਸਿਆ ਕਿ ਐਸਵੀਬੀ ਬੈਂਕ ਦੇ ਦੀਵਾਲੀਆਪਨ ਤੋਂ ਬਾਅਦ ਪੈਦਾ ਹੋਇਆ ਸੰਕਟ ਕਾਬੂ ਵਿੱਚ ਹੈ। ਇਸ ਸਭ ਦੇ ਵਿਚਕਾਰ, ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਬੈਂਕ ਵਿੱਚ ਪੈਸੇ ਜਮ੍ਹਾ ਕਰਨ ਵਾਲਿਆਂ ਨੂੰ ਵਾਪਸ ਮਿਲਣ। ਰਾਸ਼ਟਰਪਤੀ ਬਾਈਡਨ ਨੇ ਕਿਹਾ ਕਿ ਟੈਕਸਦਾਤਾਵਾਂ ਨੂੰ ਕੋਈ ਨੁਕਸਾਨ ਨਹੀਂ ਉਠਾਉਣਾ ਪਵੇਗਾ।

ਦੇਸ਼ ਦੀ ਬੈਂਕਿੰਗ ਪ੍ਰਣਾਲੀ ਵਿੱਚ ਲੋਕਾਂ ਦੇ ਵਿਸ਼ਵਾਸ ਨੂੰ ਮਜ਼ਬੂਤ ਕਰਨ ਅਤੇ ਅਮਰੀਕਾ ਦੀ ਆਰਥਿਕਤਾ ਨੂੰ ਸੁਰੱਖਿਅਤ ਕਰਨ ਦੇ ਉਦੇਸ਼ ਨਾਲ, ਬਾਈਡਨ ਪ੍ਰਸ਼ਾਸਨ ਨੇ ਐਲਾਨ ਕੀਤਾ ਹੈ ਕਿ ਇਸ ਬੈਂਕ ਦੇ ਜਮ੍ਹਾਕਰਤਾ ਸੋਮਵਾਰ ਤੋਂ ਆਪਣੀਆਂ ਜਮ੍ਹਾਂ ਰਕਮਾਂ ਤੱਕ ਪਹੁੰਚ ਕਰ ਸਕਣਗੇ। ਇਸ ਦੇ ਨਾਲ ਹੀ ਜੋ ਬਾਈਡਨ ਨੇ ਦੇਸ਼ 'ਚ ਬੈਂਕਿੰਗ ਸੰਕਟ ਲਈ ਜ਼ਿੰਮੇਵਾਰ ਲੋਕਾਂ ਖਿਲਾਫ ਕਾਰਵਾਈ ਕਰਨ ਦੀ ਗੱਲ ਵੀ ਕਹੀ ਹੈ। ਇੱਕ ਅਧਿਕਾਰਤ ਬਿਆਨ ਵਿੱਚ ਕਿਹਾ ਗਿਆ ਹੈ ਕਿ ਇਹ ਫੈਸਲਾ ਫੈਡਰਲ ਡਿਪਾਜ਼ਿਟ ਇੰਸ਼ੋਰੈਂਸ ਕਾਰਪੋਰੇਸ਼ਨ (ਐਫਡੀਆਈਸੀ) ਅਤੇ ਕੇਂਦਰੀ ਬੈਂਕ ਫੈਡਰਲ ਰਿਜ਼ਰਵ ਦੀ ਸਿਫਾਰਿਸ਼ ਪ੍ਰਾਪਤ ਕਰਨ ਅਤੇ ਰਾਸ਼ਟਰਪਤੀ ਜੋਅ ਬਾਈਡਨ ਨਾਲ ਚਰਚਾ ਕਰਨ ਤੋਂ ਬਾਅਦ ਲਿਆ ਗਿਆ ਹੈ। ਯੂਐਸ ਦੇ ਖਜ਼ਾਨਾ ਸਕੱਤਰ ਜੈਨੇਟ ਯੇਲੇਨ ਨੇ ਐਤਵਾਰ ਨੂੰ ਐਫਡੀਆਈਸੀ ਨੂੰ ਬੈਂਕ ਦੇ ਰੈਜ਼ੋਲੂਸ਼ਨ ਨੂੰ ਪੂਰਾ ਕਰਨ ਲਈ ਕਦਮ ਚੁੱਕਣ ਦੇ ਨਾਲ-ਨਾਲ ਜਮ੍ਹਾਂਕਰਤਾਵਾਂ ਦੇ ਹਿੱਤਾਂ ਦੀ ਪੂਰੀ ਤਰ੍ਹਾਂ ਸੁਰੱਖਿਆ ਕਰਨ ਲਈ ਮਨਜ਼ੂਰੀ ਦਿੱਤੀ। ਬੈਂਕ ਉਦੋਂ ਮੁਸੀਬਤ ਵਿੱਚ ਘਿਰ ਗਿਆ ਜਦੋਂ ਇਸਦੇ ਗਾਹਕਾਂ, ਜਿਨ੍ਹਾਂ ਵਿੱਚ ਉੱਦਮ ਪੂੰਜੀ ਫਰਮਾਂ ਅਤੇ ਉਹਨਾਂ ਦੁਆਰਾ ਸਮਰਥਤ ਹਨ, ਨੇ ਆਪਣੀਆਂ ਜਮ੍ਹਾਂ ਰਕਮਾਂ ਕਢਵਾਉਣੀਆਂ ਸ਼ੁਰੂ ਕਰ ਦਿੱਤੀਆਂ।

# ਪੰਜਾਬ ਸਰਕਾਰ ਹਰੇਕ ਪ੍ਰਵਾਸੀ ਪੰਜਾਬੀ ਦੀ ਸ਼ਿਕਾਇਤ ਦਾ ਨਿਪਟਾਰਾ ਕਰਨ ਲਈ ਵਚਨਬੱਧ : ਧਾਲੀਵਾਲ

## *ਐੱਨ.ਆਰ.ਆਈ. ਮਾਮਲਿਆਂ ਬਾਰੇ ਮੰਤਰੀ ਵੱਲੋਂ ਕੰਟਰੋਲ ਰੂਮ ਦਾ ਨਿਰੀਖਣ * ਸ਼ਿਕਾਇਤਕਰਤਾਵਾਂ ਨਾਲ ਖੁਦ ਗੱਲ ਕਰਕੇ ਉਨ੍ਹਾਂ ਦੇ ਮਾਮਲਿਆਂ ਬਾਰੇ ਲਈ ਜਾਣਕਾਰੀ



ਚੰਡੀਗੜ੍ਹ, 13 ਮਾਰਚ (ਗਿਆਨ ਸਿੰਘ): ਐੱਨ.ਆਰ.ਆਈ. ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਸਾਰੇ ਪ੍ਰਵਾਸੀ ਪੰਜਾਬੀਆਂ ਨੂੰ ਭਰੋਸਾ ਦਿਵਾਇਆ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਹਰੇਕ ਪ੍ਰਵਾਸੀ ਪੰਜਾਬੀ ਦੀ ਸ਼ਿਕਾਇਤ ਦਾ ਨਿਪਟਾਰਾ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਪ੍ਰਵਾਸੀ ਪੰਜਾਬੀ ਨੂੰ ਜੇਕਰ ਪੰਜਾਬ ਵਿਚ ਕਿਸੇ ਮੁਸੀਬਤ ਜਾਂ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤਾਂ ਉਹ ਬੇਝਿਜਕ ਆਪਣੀ ਸ਼ਿਕਾਇਤ ਦਰਜ ਕਰਵਾਵੇ। ਹਰੇਕ ਸਮੱਸਿਆ ਦਾ ਹੱਲ ਸਮਾਂਬੱਧ ਤਰੀਕੇ ਨਾਲ ਕੱਢਿਆ ਜਾਵੇਗਾ। ਅੱਜ ਉਨ੍ਹਾਂ ਚੰਡੀਗੜ੍ਹ ਸਥਿਤ ਐਨ.ਆਰ.ਆਈ ਕੰਟਰੋਲ ਰੂਮ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨਾਲ ਐਨ.ਆਰ.ਆਈ ਵਿਭਾਗ ਦੇ ਪ੍ਰਮੁੱਖ ਸਕੱਤਰ ਜੇ. ਬਾਲਾਮੁਰਗਨ ਅਤੇ ਏ.ਡੀ.ਜੀ.ਪੀ., ਐਨ.ਆਰ.ਆਈ ਮਾਮਲੇ, ਪੰਜਾਬ ਪੁਲਿਸ ਪ੍ਰਵੀਨ ਕੁਮਾਰ ਸਿਨ੍ਹਾ ਵੀ ਹਾਜ਼ਰ ਸਨ। ਧਾਲੀਵਾਲ ਨੇ ਦੱਸਿਆ ਕਿ ਪ੍ਰਵਾਸੀ ਪੰਜਾਬੀ ਆਪਣੀਆਂ ਸ਼ਿਕਾਇਤਾਂ ਅਤੇ ਸਮੱਸਿਆਵਾਂ ਵੱਟਸਐਪ ਨੰਬਰ 93093-88088 ‘ਤੇ ਦਰਜ ਕਰਵਾ ਸਕਦੇ ਹਨ। ਦਰਜ ਹੋਈ ਸ਼ਿਕਾਇਤ ਦਾ ਨਿਪਟਾਰਾ ਕਰਨ ਲਈ ਸ਼ਿਕਾਇਤ ਨੂੰ ਸਬੰਧਤ ਵਿਭਾਗ ਜਾਂ ਅਫਸਰ ਨੂੰ ਭੇਜ ਦਿੱਤਾ ਜਾਂਦਾ ਹੈ। ਸ਼ਿਕਾਇਤ ਦਾ ਫਾਲੋਅੱਪ ਵੀ ਕੀਤਾ ਜਾਂਦਾ ਹੈ ਅਤੇ ਸ਼ਿਕਾਇਤਕਰਤਾ ਤੋਂ ਉਸਦੀ ਫੀਡਬੈਕ ਵੀ ਪ੍ਰਾਪਤ ਕੀਤੀ ਜਾਂਦੀ ਹੈ।

ਮੌਕੇ ‘ਤੇ ਹੀ ਧਾਲੀਵਾਲ ਨੇ ਅਜਿਹੇ ਬਹੁਤ ਸਾਰੇ ਸ਼ਿਕਾਇਤਕਰਤਾਵਾਂ ਨਾਲ ਖੁਦ ਫੋਨ ‘ਤੇ ਗੱਲਬਾਤ ਕੀਤੀ ਜਿਨ੍ਹਾਂ ਨੇ ਆਪਣੀ ਸਮੱਸਿਆ ਜਾਂ ਤਾਂ ਕਿਸੇ ਐਨ.ਆਰ.ਆਈ ਸੰਮੇਲਨ ਦੌਰਾਨ ਦੱਸੀ ਸੀ ਜਾਂ ਕੰਟਰੋਲ ਰੂਮ ਵਿਚ ਦਰਜ ਕਰਵਾਈ ਸੀ। ਸ਼ਿਕਾਇਤਕਰਤਾਵਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀਆਂ ਸ਼ਿਕਾਇਤਾਂ ਦੇ ਹੱਲ ਲਈ ਐਨ.ਆਰ.ਆਈ. ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਖੁਦ ਨਿੱਜੀ ਦਿਲਚਸਪੀ ਵਿਖਾਈ ਹੈ।

ਇਸ ਮੌਕੇ ਧਾਲੀਵਾਲ ਨੇ ਹਾਜ਼ਰ ਅਫਸਰਾਂ ਨੂੰ ਹਦਾਇਤ ਕੀਤੀ ਕਿ ਜਿਹੜੇ ਮਾਮਲੇ ਕਿਸੇ ਅਦਾਲਤ ਵਿਚ ਸੁਣਵਾਈ ਅਧੀਨ ਹਨ, ਉਨ੍ਹਾਂ ਨੂੰ ਛੱਡ ਕੇ ਬਾਕੀ ਸਾਰੇ ਮਾਮਲਿਆਂ ਨੂੰ ਸਮਾਂਬੱਧ ਤਰੀਕੇ ਨਾਲ ਨਿਪਟਾਇਆ ਜਾਵੇ। ਉਨ੍ਹਾਂ ਕਿਹਾ ਕਿ ਕਿਸੇ ਵੀ ਪ੍ਰਵਾਸੀ ਪੰਜਾਬੀ ਨੂੰ ਨਿਰਾਸ਼ ਨਹੀਂ ਹੋਣ ਦਿੱਤਾ ਜਾਵੇਗਾ। ਬਹੁਤ ਜਲਦ ਸਾਰੇ ਡਿਪਟੀ ਕਮਿਸ਼ਨਰਾਂ ਨਾਲ ਪ੍ਰਵਾਸੀ ਪੰਜਾਬੀਆਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਸਬੰਧੀ ਇਕ ਮੀਟਿੰਗ ਵੀ ਕੀਤੀ ਜਾਵੇਗੀ।

ਇਸ ਦੌਰਾਨ ਧਾਲੀਵਾਲ ਨੇ ਸਾਰੇ ਪ੍ਰਵਾਸੀ ਪੰਜਾਬੀਆਂ ਨੂੰ ਪੰਜਾਬ ਵਿਚ ਨਿਵੇਸ਼ ਕਰਨ ਦੀ ਅਪੀਲ ਕੀਤੀ। ਧਾਲੀਵਾਲ ਨੇ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦੀ ਇਹ ਕੋਸ਼ਿਸ਼ ਹੈ ਕਿ ਬਾਹਰਲੇ ਦੇਸ਼ਾਂ ਵਿਚ ਕਾਮਯਾਬੀਆਂ ਹਾਸਲ ਕਰਨ ਵਾਲੇ ਪੰਜਾਬੀ ਆਪਣੇ ਸੂਬੇ ਦੀ ਤਰੱਕੀ ਵਿਚ ਵੀ ਯੋਗਦਾਨ ਪਾਉਣ। ਇਸ ਮਕਸਦ ਲਈ ਪੰਜਾਬ ਸਰਕਾਰ ਉਨ੍ਹਾਂ ਦੀ ਹਰ ਤਰ੍ਹਾਂ ਦੀ ਮਦਦ ਕਰੇਗੀ।

# ਸਿਸੋਦੀਆ ਦੀ ਗ੍ਰਿਫਤਾਰੀ ਖਿਲਾਫ ‘ਆਪ’ ਦੀ ਡੋਰ-ਟੂ-ਡੋਰ ਦਸਤਖਤ ਮੁਹਿੰਮ

## *ਪੀ ਐਮ ਮੋਦੀ ਨੂੰ ਭੇਜੇ ਜਾਣਗੇ ਪੱਤਰ





ਨਵੀਂ ਦਿੱਲੀ, 13 ਮਾਰਚ (ਪੋਸਟ ਬਿਊਰੋ): ਆਮ ਆਦਮੀ ਪਾਰਟੀ ਨੇ ਸੋਮਵਾਰ ਨੂੰ ਦਿੱਲੀ ਭਰ ਵਿੱਚ ਘਰ-ਘਰ ਜਾ ਕੇ ਦਸਤਖਤ ਮੁਹਿੰਮ ਚਲਾਈ। ਇਸ ਮੁਹਿੰਮ ਬਾਰੇ ਜਾਣਕਾਰੀ ਦਿੰਦਿਆਂ 'ਆਪ' ਆਗੂ ਨੇ ਦੱਸਿਆ ਕਿ ਇਸ ਰਾਹੀਂ ਆਮ ਆਦਮੀ ਪਾਰਟੀ ਨੇ ਘਰ-ਘਰ ਜਾ ਕੇ ਮਨੀਸ਼ ਸਿਸੋਦੀਆ ਅਤੇ ਸਤਿੰਦਰ ਜੈਨ ਦੀ ਗ੍ਰਿਫਤਾਰੀ ਦਾ ਸੱਚ ਦੱਸਿਆ ਕਿ ਪ੍ਰਧਾਨ ਮੰਤਰੀ ਨੇ 'ਆਪ' ਨੂੰ ਰੋਕਣ ਦੀ ਸਾਜ਼ਿਸ਼ ਰਚੀ ਹੈ। ਆਮ ਆਦਮੀ ਪਾਰਟੀ ਦੇ ਦਿੱਲੀ ਕਨਵੀਨਰ ਗੋਪਾਲ ਰਾਏ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਘਰ-ਘਰ ਜਾ ਕੇ ਦਸਤਖਤ ਮੁਹਿੰਮ ਰਾਹੀਂ ਦਿੱਲੀ ਵਿੱਚ ਸਿੱਖਿਆ-ਸਿਹਤ ਦੇ ਚੰਗੇ ਕੰਮਾਂ ਨੂੰ ਰੋਕਣ ਦੀ ਸਾਜ਼ਿਸ਼ ਦਾ ਪਰਦਾਫਾਸ਼ ਕੀਤਾ ਹੈ। ਕੇਂਦਰੀ ਏਜੰਸੀਆਂ ਭ੍ਰਿਸ਼ਟਾਚਾਰ ਵਿਰੁੱਧ ਨਹੀਂ ਸਗੋਂ ਬਦਲੇ ਦੀ ਭਾਵਨਾ ਨਾਲ ਕਾਰਵਾਈ ਕਰ ਰਹੀਆਂ ਹਨ। ਇਸ ਲਈ ‘ਆਪ’ ਨੂੰ ਦਸਤਖ਼ਤ ਮੁਹਿੰਮ ਚਲਾਉਣ ਦੀ ਲੋੜ ਪਈ ਹੈ। ਦਿੱਲੀ ਦੇ ਦੋ ਮੰਤਰੀਆਂ ਮਨੀਸ਼ ਸਿਸੋਦੀਆ ਅਤੇ ਸਤੇਂਦਰ ਜੈਨ ਨੂੰ ਜਾਂਚ ਏਜੰਸੀਆਂ ਨੇ ਇੱਕ ਫਰਜ਼ੀ ਕੇਸ ਵਿੱਚ ਗ੍ਰਿਫਤਾਰ ਕੀਤਾ ਸੀ, ਪਰ ਨਕਦੀ ਬਰਾਮਦ ਹੋਣ ਦੇ ਬਾਵਜੂਦ ਭਾਜਪਾ ਵਿਧਾਇਕ ਨੂੰ ਰੰਗੇ ਹੱਥੀਂ ਛੱਡ ਦਿੱਤਾ ਗਿਆ।

ਉਨ੍ਹਾਂ ਕਿਹਾ ਕਿ ਮੰਤਰੀਆਂ ਦੀ ਗ੍ਰਿਫ਼ਤਾਰੀ ਨਾਲ ਸਕੂਲ ਅਤੇ ਹਸਪਤਾਲ ਸਭ ਤੋਂ ਵੱਧ ਪ੍ਰਭਾਵਿਤ ਹੋਏ ਹਨ। ਇਸ ਲਈ ਦਿੱਲੀ ਦੇ ਲੋਕ ਪ੍ਰਧਾਨ ਮੰਤਰੀ ਨੂੰ ਚਿੱਠੀਆਂ ਲਿਖ ਰਹੇ ਹਨ। ਪੱਤਰ ਵਿੱਚ ਦਿੱਲੀ ਦੇ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਕੇਂਦਰ ਸਰਕਾਰ ਵੀ ਚੰਗਾ ਕੰਮ ਕਰੇ ਅਤੇ ਦਿੱਲੀ ਸਰਕਾਰ ਨੂੰ ਵੀ ਲੋਕਾਂ ਲਈ ਚੰਗੇ ਕੰਮ ਕਰਨ ਦੇਣ।

ਆਮ ਆਦਮੀ ਪਾਰਟੀ ਵੱਲੋਂ ਸੋਮਵਾਰ ਨੂੰ ਲਕਸ਼ਮੀ ਨਗਰ ਮੈਟਰੋ ਸਟੇਸ਼ਨ ਨੇੜੇ ਕੈਂਪ ਲਗਾਇਆ ਗਿਆ। ਹਸਤਾਖਰ ਮੁਹਿੰਮ ਵਿੱਚ ਦਿੱਲੀ ਦੇ ਲੋਕਾਂ ਨੂੰ ਪ੍ਰਧਾਨ ਮੰਤਰੀ ਦੇ ਨਾਮ ਇੱਕ ਪੱਤਰ 'ਤੇ ਦਸਤਖਤ ਕਰਨ ਲਈ ਬਣਾਇਆ ਗਿਆ ਹੈ। ਇਸ ਚਿੱਠੀ 'ਚ ਲਿਖਿਆ ਕਿ 'ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦਿੱਲੀ ਦੇ ਦੋ ਸਭ ਤੋਂ ਚੰਗੇ ਮੰਤਰੀਆਂ ਸਤੇਂਦਰ ਜੈਨ ਅਤੇ ਮਨੀਸ਼ ਸਿਸੋਦੀਆ ਨੂੰ ਗ੍ਰਿਫਤਾਰ ਕੀਤਾ ਹੈ, ਕਿਉਂ?' ਇਸ ਪੱਤਰ ਨੂੰ ਲੈ ਕੇ ਆਮ ਆਦਮੀ ਪਾਰਟੀ ਨੇ ਵੀ ਦਿੱਲੀ ਭਰ ਦੇ 250 ਵਾਰਡਾਂ ਵਿੱਚ ਟੀਮਾਂ ਬਣਾ ਕੇ ਘਰ-ਘਰ ਜਾ ਕੇ ਮੁਹਿੰਮ ਸ਼ੁਰੂ ਕੀਤੀ ਹੈ।

# ਬਾਲ ਸੁਰੱਖਿਆ ਯੂਨਿਟ ਵੱਲੋਂ ਆਂਗਣਵਾੜੀ ਵਰਕਰਾਂ ਨੂੰ ਬਾਲ ਅਧਿਕਾਰਾਂ ਸਬੰਧੀ ਦਿੱਤੀ ਸਿਖਲਾਈ



ਫਰੀਦਕੋਟ, 13 ਮਾਰਚ (ਗਿਆਨ ਸਿੰਘ): ਡਿਪਟੀ ਕਮਿਸ਼ਨਰ ਡਾ. ਰੂਹੀ ਦੁੱਗ ਦੀ ਯੋਗ ਅਗਵਾਈ ਹੇਠ ਅਤੇ ਜਿਲ੍ਹਾ ਬਾਲ ਸੁਰੱਖਿਆ ਅਫਸਰ, ਫਰੀਦਕੋਟ ਅਮਨਦੀਪ ਸਿੰਘ ਸੋਢੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਫਰੀਦਕੋਟ ਦੀਆਂ ਆਂਗਣਵਾੜੀ ਵਰਕਰਾਂ ਲਈ ਬਾਲ ਸੁਰੱਖਿਆ ਅਤੇ ਬਾਲ ਅਧਿਕਾਰਾਂ ਸਬੰਧੀ ਇੱਕ ਰੋਜ਼ਾ ਸਿਖਲਾਈ ਦਾ ਅਯੋਜਨ ਕੀਤਾ ਗਿਆ ।ਸਿਖਲਾਈ ਦੌਰਾਨ ਜਿਲ੍ਹਾ ਬਾਲ ਸੁਰੱਖਿਆ ਯੂਨਿਟ, ਫਰੀਦਕੋਟ ਦੇ ਕਾਉਂਸਲਰ ਮੈਡਮ ਮਾਲਤੀ ਜੈਨ ਨੇ ਆਗਂਣਵਾੜੀ ਵਰਕਰਾਂ ਨੂੰ ਸੰਬੋਧਨ ਕਰਦਿਆ ਸਮਾਜਿਕ ਕੁਰੀਤੀਆਂ ਜਿਵੇਂ ਬਾਲ ਮਜ਼ਦੂਰੀ, ਬਾਲ ਵਿਆਹ, ਬਾਲ ਭਿਖਿਆ ਆਦਿ ਨੂੰ ਰੋਕਣ ਸਬੰਧੀ ਜਾਣਕਾਰੀ ਦਿੱਤੀ।

ਉਨ੍ਹਾਂ ਦੱਸਿਆ ਕਿ ਚਾਈਲਡ ਮੈਰਿਜ ਐਕਟ, 2006 ਤਹਿਤ ਬਾਲ ਵਿਆਹ ਕਰਨਾ ਕਾਨੂੰਨੀ ਜੁਰਮ ਹੈ। ਇਸ ਐਕਟ ਤਹਿਤ ਵਿਆਹ ਲਈ ਲੜਕੇ ਦੀ ਉਮਰ 21 ਸਾਲ ਅਤੇ ਲੜਕੀ ਦੀ ਉਮਰ 18 ਸਾਲ ਹੋਣੀ ਚਾਹੀਦੀ ਹੈ । ਜੇਕਰ ਕੋਈ ਵਿਅਕਤੀ 18 ਸਾਲ ਤੋਂ ਘੱਟ ਉਮਰ ਦੀ ਲੜਕੀ ਨਾਲ ਵਿਆਹ ਕਰੇਗਾ ਤਾਂ ਉਸਨੂੰ 2 ਸਾਲ ਦੀ ਕਠੋਰ ਸਜਾ ਜਾਂ ਇੱਕ ਲੱਖ ਰੁਪਏ ਜੁਰਮਾਨਾਂ ਦੀ ਸਜਾ ਹੋ ਸਕਦੀ ਹੈ ਅਤੇ ਅਜਿਹੇ ਵਿਆਹ ਵਿੱਚ ਸ਼ਾਮਿਲ ਹੋਣ ਵਾਲੇ ਵਿਅਕਤੀਆਂ ਦੇ ਖਿਲਾਫ ਵੀ ਸਜਾ ਦਾ ਨਿਯਮ ਹੈ। ਉਨ੍ਹਾਂ ਦੱਸਿਆ ਕਿ ਬੱਚਿਆ ਨੂੰ ਬਾਲ ਮਜਦੂਰੀ,ਬਾਲ ਭਿਖਿਆ ਆਦਿ ਤੋਂ ਹਟਾ ਕੇ ਉਹਨਾਂ ਨੂੰ ਸਕੂਲ ਜਾਣ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ, ਕਿਉ ਕਿ ਪੜ੍ਹਨ ਲਿਖਣ ਨਾਲ ਹੀ ਬੱਚਿਆ ਦੇ ਚੰਗੇ ਭਵਿਖ ਦੀ ਕਾਮਨਾ ਕੀਤੀ ਜਾ ਸਕਦੀ ਹੈ । ਇਸ ਲਈ ਵਿਭਾਗ ਵੱਲੋਂ ਜ਼ਰੂਰਤਮੰਦ ਬੱਚਿਆਂ ਲਈ ਚੱਲ ਰਹੀ ਸਪਾਂਸਰਸ਼ਿਪ ਸਕੀਮ ਬਾਰੇ ਵੀ ਵਿਸਥਾਰ ਸਹਿਤ ਜਾਣਕਾਰੀ ਦਿੱਤੀ ।

ਇਸ ਉਪਰੰਤ ਸੈਂਟਰ ਕੋਆਰਡੀਨੇਟਰ ਚਾਈਲਡ ਲਾਈਨ ਸੋਨੀਆ ਰਾਣੀ ਵੱਲੋਂ ਆਗਣਵਾੜੀ ਵਰਕਰਾਂ ਨੂੰ ਚਾਈਲਡ ਲਾਈਨ ਦੇ ਟੋਲ ਫਰੀ ਨੰਬਰ 1098 ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ ।ਉਹਨਾਂ ਦੱਸਿਆ ਕਿ ਚਾਈਲਡ ਲਾਈਨ 0 ਤੋ 18 ਸਾਲ ਤੱਕ ਦੇ ਲਵਾਰਿਸ ,ਬੇਸਹਾਰਾ, ਗੁੰਮਸ਼ੁਦਾ ਆਦਿ ਬੱਚਿਆ ਦੀ ਮਦਦ ਕਰਦੀ ਹੈ ।ਜੇਕਰ ਕਿਸੇ ਨੂੰ ਕਿਤੇ ਵੀ ਅਜਿਹਾ ਬੱਚਾ ਦਿਖਾਈ ਦਿੰਦਾ ਹੈ ਤਾ ਤੁਰੰਤ 1098 ਤੇ ਫੋਨ ਕਰਕੇ ਉਸ ਦੀ ਸੂਚਨਾਂ ਦੇ ਸਕਦੇ ਹਨ। ਇਸ ਵਿੱਚ ਜਾਣਕਾਰੀ ਦੇਣ ਵਾਲੇ ਦਾ ਨਾਮ ਤੇ ਨੰਬਰ ਗੁਪਤ ਰੱਖਿਆ ਜਾਦਾ ਹੈ। ਇਸ ਮੌਕੇ ਕਮਲਜੀਤ ਕੌਰ, ਮਹਿੰਦਰ ਕੌਰ, ਦੋਨੋਂ ਸੁਪਰਵਾਈਜਰ ਆਉਟਰੀਚ ਵਰਕਰ ਪ੍ਰਿਆ ਸੇਠੀ ਅਤੇ ਮੈਂਬਰ ਚਾਈਲਡ ਲਾਈਨ ਪਲਵਿੰਦਰ ਕੌਰ ਹਾਜ਼ਰ ਸਨ।

# ਅਮਨ ਅਰੋੜਾ ਵੱਲੋਂ ਗਮਾਡਾ ਦੀ ਈ-ਨਿਲਾਮੀ ਦੇ ਸਫ਼ਲ ਬੋਲੀਕਾਰਾਂ ਨਾਲ ਮੁਲਾਕਾਤ

ਚੰਡੀਗੜ੍ਹ, 13 ਮਾਰਚ (ਪੋਸਟ ਬਿਊਰੋ): ਪੰਜਾਬ ਦੇ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਅਮਨ ਅਰੋੜਾ ਨੇ ਗਮਾਡਾ ਦੀ ਹਾਲ ਹੀ ਵਿੱਚ ਸਮਾਪਤ ਹੋਈ ਈ-ਨਿਲਾਮੀ ਦੇ ਸਫ਼ਲ ਬੋਲੀਕਾਰਾਂ ਨਾਲ ਮੁਲਾਕਾਤ ਕੀਤੀ। ਇਸ ਨਿਲਾਮੀ ਵਿੱਚ ਅਥਾਰਟੀ ਨੇ ਹੁਣ ਤੱਕ ਦੀ ਸਭ ਤੋਂ ਵੱਧ 1935.88 ਕਰੋੜ ਰੁਪਏ ਦੀ ਕੀਮਤ ਦੀਆਂ ਜਾਇਦਾਦਾਂ ਵੇਚੀਆਂ ਸਨ। ਮੋਹਾਲੀ ਕਲੱਬ, ਐਸ.ਏ.ਐਸ.ਨਗਰ ਵਿਖੇ ਕਰਵਾਏ ਗਏ ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਅਮਨ ਅਰੋੜਾ ਨੇ ਗਮਾਡਾ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇਨ੍ਹਾਂ ਨਿਵੇਸ਼ਕਾਂ ਦੀ ਸਹੂਲਤ ਲਈ ਸਾਰੀਆਂ ਲੋੜੀਂਦੀਆਂ ਪ੍ਰਵਾਨਗੀਆਂ ਪ੍ਰਾਪਤ ਕਰਨ ਵਿੱਚ ਮਦਦ ਕਰਨ ਲਈ ਸਿੰਗਲ ਪੁਆਇੰਟ ਸੰਪਰਕ ਅਧਿਕਾਰੀ, ਜਿਸ ਨਾਲ ਸਾਰੀਆਂ ਸੇਵਾਵਾਂ ਲਈ ਸਿੱਧਾ ਸੰਪਰਕ ਕੀਤਾ ਜਾ ਸਕੇ, ਲਗਾਏ ਜਾਣ ਅਤੇ ਵੱਖ-ਵੱਖ ਸ਼੍ਰੇਣੀਆਂ ਦੀਆਂ ਜਾਇਦਾਦਾਂ ਲਈ ਲੋੜੀਂਦੇ ਦਸਤਾਵੇਜ਼ਾਂ ਦੀ ਚੈੱਕਲਿਸਟ ਵੀ ਮੁਹੱਈਆ ਕਰਵਾਈ ਜਾਵੇ ਤਾਂ ਜੋ ਉਨ੍ਹਾਂ ਨੂੰ ਆਪਣੇ ਕਾਰੋਬਾਰ ਸਥਾਪਤ ਕਰਨ ਵਿੱਚ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ।


RSFO Ramgarhia Sikh Foundation of Ontario

ਬਾਬਾਣੀਆ ਕਹਾਣੀਆ ਪੁਤ ਸਪੁਤ ਕਰੇਨਿ।।

Ramgarhia Sikh Foundation of Ontario
10th International Award 2023

Dedicated to the 300th Birth Anniversary of Maharaja Jassa Singh Ramgarhia

300 ਸਾਲਾ ਮਹਾਰਾਜਾ ਰਾਮਗੜ੍ਹੀਆ ਦੇ ਨਾਮ

| | | |
|---|---|---|
| 19th May | Welcoming Guests | 10am |
| 19th May | Lunch | 1pm to 3pm |
| 20th May | Seminar | 10am to 4pm |
| 21th May | Presentation of Awards | 10am to 4pm |

on Friday, 19th May 2023
10:00am to 6:00pm
Century Gardens Recreations Complex (Auditorium 1)
340 Vodden Street East, Brampton, ON, L6V 2N2



Bhupinder Singh Seera (647) 833-6960
Ravinder Pal Singh Sond (647) 403-6767
Gurucharan Singh (Dubai) (416) 845-1019
Mohinder Singh Kundi (647) 294-1669
Harpal Singh Matharu (416) 579 3817
Jaswinder Singh Bhachu (416) 728 2776
Baldev Singh Mankoo (647) 2089729
Karnail Singh Marwaha (416) 567 5159

Daljit S. Gaidhu, Chairman, 416-305-9878
Jasbir S. Sehmbi, Vice Chairman, 437-774-1410
Manjit S. Bhachu, President, 416-275-2374
Jarnail S. Matharu, Treasurer, 416-409-6207
Hardial S. Jheeta, General Secretary, 647-409-8915

Address: 7956 Torbram Road #40, Bldg-B, Brampton, ON, L6T 5A2, Canada

# ਪੰਜਾਬ ਨੂੰ ਦੇਸ਼ ਵਿੱਚੋਂ ਅਵਲ ਸੂਬਾ ਬਣਾਉਣ ਵਿਚ ਨਹੀਂ ਛੱਡੀ ਜਾਵੇਗੀ ਕੋਈ ਕਸਰ : ਧਾਲੀਵਾਲ

## ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ (ਲੜਕੀਆਂ) ਘੜੂੰਆਂ ਵਿੱਚ ਨਵੀਂ ਬਣਨ ਵਾਲੀ ਲਾਇਬਰੇਰੀ ਦਾ ਨੀਂਹ ਪੱਥਰ ਰੱਖਿਆ



ਐਸ.ਏ.ਐਸ. ਨਗਰ, 13 ਮਾਰਚ (ਗਿਆਨ ਸਿੰਘ): ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ (ਲੜਕੀਆਂ) ਘੜੂੰਆਂ ਵਿਚ ਅਮਰੀਕਾ ਵਾਸੀ ਲਾਲੀ ਧਨੋਵਾ ਦੇ ਪਿਤਾ ਸਵਰਗਵਾਸੀ ਸੁਰਜੀਤ ਸਿੰਘ ਦੀ ਯਾਦ ਵਿੱਚ ਨਵੀਂ ਬਣਨ ਵਾਲੀ ਲਾਇਬਰੇਰੀ ਦਾ ਨੀਂਹ ਪੱਥਰ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਰੱਖਿਆ।

ਇਸ ਮੌਕੇ ਸਮਾਗਮ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਪੰਜਾਬ ਨੂੰ ਦੇਸ਼ ਵਿੱਚੋਂ ਅੱਵਲ ਸੂਬਾ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਹਨਾਂ ਨੇ ਇਸ ਮੌਕੇ ਲੜਕੀਆਂ ਦੇ ਸਕੂਲ ਦੇ ਖੇਡ ਮੈਦਾਨ ਵਾਸਤੇ 10 ਲੱਖ ਰੁਪਏ ਦੀ ਗ੍ਰਾਂਟ ਦੇਣ ਦਾ ਐਲਾਨ ਵੀ ਕੀਤਾ। ਨਾਲ ਹੀ ਉਹਨਾਂ ਨੇ ਪਰਵਾਸੀ ਪੰਜਾਬੀਆਂ ਨੂੰ ਅਪੀਲ ਕੀਤੀ ਕੀ ਉਹ ਆਪਣੇ-ਆਪਣੇ ਪਿੰਡਾਂ ਦੇ ਵਿਕਾਸ ਵਿਚ ਵੱਧ-ਚੜ੍ਹ ਕੇ ਯੋਗਦਾਨ ਪਾਉਣ।

ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਇਹ ਅੱਜ ਦੇ ਸਮੇਂ ਵਿਚ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਜਿੱਥੇ ਨੌਜਵਾਨ ਆਪਣੇ ਅਤੇ ਸੂਬੇ ਦਾ ਨਾਂ ਰੌਸ਼ਨ ਕਰਦੇ ਹਨ। ਉੱਥੇ ਉਹ ਵੱਖੋ ਵੱਖ ਅਲਾਹਮਤਾਂ ਤੋਂ ਵੀ ਬਚੇ ਰਹਿੰਦੇ ਹਨ। ਖੇਡਾਂ ਨਾਲ ਜੁੜੇ ਨੌਜਵਾਨ ਹਰ ਖੇਤਰ ਵਿੱਚ ਹੋਰਨਾਂ ਨਾਲੋਂ ਬਿਹਤਰ ਪ੍ਰਦਰਸ਼ਨ ਕਰਦੇ ਹਨ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਵੱਧ-ਚੜ੍ਹ ਕੇ ਕੰਮ ਕੀਤਾ ਜਾ ਰਿਹਾ ਹੈ। ਪੰਜਾਬ ਸਰਕਾਰ ਵੱਲੋਂ ਕੀਤੀਆਂ ਕੋਸ਼ਿਸ਼ਾਂ ਦੇ ਸਾਰਥਕ ਸਿੱਟੇ ਵੀ ਸਾਹਮਣੇ ਆ ਰਹੇ ਹਨ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ ਇਕ ਸਾਲ ਦੇ ਕਾਰਜਕਾਲ ਦੌਰਾਨ ਹੀ ਲੋਕਾਂ ਨੂੰ ਦਿੱਤੀਆਂ ਗਰੰਟੀਆਂ ਵਿੱਚੋਂ ਵੱਡੀ ਗਿਣਤੀ ਗਰੰਟੀਆਂ ਪੂਰੀਆਂ ਕੀਤੀਆਂ ਹਨ ਤੇ ਰਹਿੰਦੀਆਂ ਪੜਾਅਵਾਰ ਨਾਲ ਪੂਰੀਆਂ ਕੀਤੀਆਂ ਜਾ ਰਹੀਆਂ ਹਨ।

ਇਸ ਮੌਕੇ ਹਲਕਾ ਸ੍ਰੀ ਚਮਕੌਰ ਸਾਹਿਬ ਦੇ ਵਿਧਾਇਕ ਚਰਨਜੀਤ ਸਿੰਘ , ਹਲਕਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੇ ਵਿਧਾਇਕ ਲਖਬੀਰ ਸਿੰਘ ਰਾਏ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਵਨੀਤ ਕੌਰ ਸਮੇਤ ਵੱਖੋ ਵੱਖ ਵਿਭਾਗਾਂ ਦੇ ਅਧਿਕਾਰੀ ਤੇ ਪਤਵੰਤੇ ਹਾਜ਼ਰ ਸਨ।


Tri-City Professional Realty Inc., Brokerage. The Future of Real Estate
www.TriCityPro.com
Number 1. Tri-City agent in Canada on basis of sales volume 2021
ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ 36 ਸਾਲਾ ਤਜਰਬੇ ਵਾਲੇ
ਅਵਤਾਰ ਸਿੰਘ ਟਿਵਾਣਾ
NEED MORE LISTINGS
Free Evaluation of your Property
Special Packages for First Time Buyer
Arrangement of Low Mortgage rate Lawyer
Arrangement of Home Inspection
Avtar Singh Tiwana
Sales Representative
Tel: 905.793.5777
416.802.5866
31 Melanie Dr. Unit #4 Brampton, ON L6T 5H8
SOLD $1,399,999 CASTLEMORE/GOREWAY
SOLD $1,749,900 8337 ਗਲਫ ਲਾਈਨ
SOLD $1,950,000 26 Yellow RomeRd



## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।



NEED A LAWYER ??
KAUR LAW OFFICE
Red Seal NOTARY
MANJEET KAUR
LL.B., (London UK)
Barrister, Solicitor & Notary Public
